# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ : 06-04-2026**

## ਪਹਿਲਾਂ ਬੁਲੇਟਿਨ ਦੀਆਂ ਖਾਸ ਖਬਰਾਂ

- ਸਰਕਾਰ ਨੇ ਭਰੋਸਾ ਦਵਾਇਆ -ਪੱਛਮੀ ਏਸ਼ੀਆ ਵਿੱਚ ਚੱਲ ਰਹੇ ਟਕਰਾਅ ਦੇ ਵਿਚਕਾਰ, ਦੇਸ਼ ਕੋਲ ਅਨਾਜ ਦੇ ਢੁਕਵੇਂ ਭੰਡਾਰ ਨੇ।
- -ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵਲੋਂ ਮੀਂਹ ਕਾਰਨ ਨੁਕਸਾਨੀ ਗਈ ਫਸਲਾਂ ਦੀ ਗਿਰਦਾਵਰੀ ਦੇ ਨਿਰਦੇਸ਼-ਮੌਸਮ ਵਿਭਾਗ ਨੇ ਪੰਜਾਬ ਭਰ ਵਿੱਚ ਕਈ ਥਾਵਾਂ 'ਤੇ ਕੱਲ 7 ਅਤੇ 8 ਅਪ੍ਰੈਲ ਨੂੰ ਦਰਮਿਆਨੀ ਤੋਂ ਭਾਰੀ ਮੀਂਹ ਪੈਣ ਬਾਰੇ ਓਰੰਜ ਅਲਰਟ ਜਾਰੀ ਕੀਤਾ।
- -ਪੰਜਾਬ ਸਰਕਾਰ ਵਾਲੋਂ 4 ਡਿਪਟੀ ਕਮਿਸ਼ਨਰਾਂ ਸਮੇਤ 13 IAS ਅਧਿਕਾਰੀਆਂ ਦੇ ਤਬਾਦਲੇ।
- ਪੰਜਾਬ ਪੁਲਿਸ ਵਲੋਂ ਆਈ.ਐਸ.ਆਈ-ਦੀ ਹਮਾਇਤ ਵਾਲੇ ਦਹਿਸ਼ਤਗਰਦੀ ਮਾਡਿਊਲ ਦਾ ਪਰਦਾਫਾਸ਼-ਦੋ ਹੱਥਗੋਲੇ, ਇੱਕ ਪਿਸਤੌਲ ਸਮੇਤ ਤਿੰਨ ਮੁਲਜ਼ਮ ਗ੍ਰਿਫ਼ਤਾਰ।

- IPL ਕ੍ਰਿਕਟ ਵਿੱਚ ਕੋਲਕਾਤਾ ਨਾਈਟ ਰਾਈਡਰਜ਼ ਦਾ ਸਾਹਮਣਾ ਸ਼ਾਮ ਸਾਢੇ 7 ਵਜੇ ਪੰਜਾਬ ਕਿੰਗਜ਼ ਨਾਲ ਹੋਵੇਗਾ।

**ਹੁਣ ਖਬਰਾਂ ਵਿਸਥਾਰ ਨਾਲ**

-------------------------------------------------------

ਸਰਕਾਰ ਨੇ ਭਰੋਸਾ ਦਿੱਤਾ ਏ ਕਿ ਪੱਛਮੀ ਏਸ਼ੀਆ ਵਿੱਚ ਚੱਲ ਰਹੇ ਟਕਰਾਅ ਦੇ ਵਿਚਕਾਰ, ਦੇਸ਼ ਕੋਲ ਅਨਾਜ ਦੇ ਢੁਕਵੇਂ ਭੰਡਾਰ ਨੇ। ਪੱਛਮੀ ਏਸ਼ੀਆ ਵਿੱਚ ਹਾਲ ਹੀ ਵਿੱਚ ਹੋਏ ਘਟਨਾ ਕ੍ਰਮ ਬਾਰੇ ਨਵੀਂ ਦਿੱਲੀ ਵਿੱਚ ਇੱਕ ਅੰਤਰ-ਮੰਤਰਾਲਾ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦੇ ਹੋਏ, ਖਪਤਕਾਰ ਮਾਮਲਿਆਂ ਦੇ ਵਿਭਾਗ ਦੇ ਵਧੀਕ ਸਕੱਤਰ, ਅਨੁਪਮ ਮਿਸ਼ਰਾ ਨੇ ਕਿਹਾ ਕਿ ਜ਼ਰੂਰੀ ਵਸਤਾਂ ਦੀਆਂ ਕੀਮਤਾਂ ਵਿੱਚ ਕੋਈ ਅਸਧਾਰਨ ਉਤਰਾਅ-ਚੜ੍ਹਾਅ ਨਹੀਂ ਹਨ। ਉਨ੍ਹਾਂ ਕਿਹਾ ਕਿ ਦੇਸ਼ ਵਿੱਚ ਦਾਲਾਂ ਦਾ ਉਤਪਾਦਨ ਪਿਛਲੇ ਸਾਲ ਨਾਲੋਂ ਵੱਧ ਏ। ਸ੍ਰੀ ਮਿਸ਼ਰਾ ਨੇ ਕਿਹਾ ਕਿ ਸਰਕਾਰ ਵਸਤੂਆਂ ਦੀਆਂ ਕੀਮਤਾਂ ਅਤੇ ਸਪਲਾਈ ਦੀ ਨਿਗਰਾਨੀ ਕਰ ਰਹੀ ਏ। ਖੁਰਾਕ ਅਤੇ ਜਨਤਕ ਵੰਡ ਵਿਭਾਗ ਦੇ ਸੰਯੁਕਤ ਸਕੱਤਰ, ਸੀ. ਸ਼ਿਖਾ ਨੇ ਕਿਹਾ ਕਿ ਦੇਸ਼ ਵਿੱਚ ਕਣਕ ਅਤੇ ਚੌਲ ਦੋਵਾਂ ਦਾ ਢੁਕਵਾਂ ਲੋੜੀਦਾ ਭੰਡਾਰ ਏ। ਉਨ੍ਹਾਂ ਕਿਹਾ ਕਿ ਦੇਸ਼ ਵਿੱਚ ਲਗਭਗ 602 ਲੱਖ ਮੀਟ੍ਰਿਕ ਟਨ ਅਨਾਜ ਉਪਲਬਧ ਏ। ਸ਼੍ਰੀਮਤੀ ਸੀ.

ਸ਼ਿਖਾ ਨੇ ਕਿਹਾ ਕਿ ਆਲਮੀ ਅਨਿਸ਼ਚਿਤਤਾਵਾਂ ਦੇ ਬਾਵਜੂਦ ਖਾਣ ਵਾਲੇ ਤੇਲ ਦੀ ਘਰੇਲੂ ਉਪਲਬਧਤਾ ਸਥਿਰ ਏ। ਉਨ੍ਹਾਂ ਅੱਗੇ ਕਿਹਾ ਕਿ ਪ੍ਰਮੁੱਖ ਭਾਈਵਾਲਾਂ ਤੋਂ ਖਾਣ ਵਾਲੇ ਤੇਲ ਦੀ ਦਰਾਮਦ ਸਥਿਰ ਰਹਿੰਦੀ ਏ।

--------------------------------------------------

ਪੱਛਮੀ ਏਸ਼ੀਆ ਵਿੱਚ ਚੱਲ ਰਹੀ ਜੰਗ ਦੇ ਵਿਚਕਾਰ, ਏਅਰ ਇੰਡੀਆ ਨੇ ਇਜ਼ਰਾਈਲ ਲਈ ਆਪਣੀਆਂ ਉਡਾਣਾਂ ਮੁਅੱਤਲ ਕਰ ਦਿੱਤੀਆਂ ਨੇ। ਏਅਰ ਇੰਡੀਆ ਦੇ ਅਧਿਕਾਰਤ ਸੂਤਰਾਂ ਨੇ ਦੱਸਿਆ ਕਿ ਨਵੀਂ ਦਿੱਲੀ-ਤੇਲ ਅਵੀਵ ਰੂਟ 'ਤੇ ਉਡਾਣਾਂ 31 ਮਈ ਤੱਕ ਮੁਅੱਤਲ ਰਹਿਣਗੀਆਂ। ਜ਼ਿਆਦਾਤਰ ਵੱਡੀਆਂ ਏਅਰਲਾਈਨਾਂ ਨੇ ਤੇਲ ਅਵੀਵ ਰੂਟ 'ਤੇ ਵੀ ਕੰਮ ਮੁਅੱਤਲ ਕਰ ਦਿੱਤਾ ਏ। ਉਡਾਣਾਂ ਦੇ ਮੁਅੱਤਲ ਹੋਣ ਨਾਲ ਇਜ਼ਰਾਈਲ ਵਿੱਚ ਰਹਿੰਦੇ 40 ਹਜ਼ਾਰ ਤੋਂ ਵੱਧ ਭਾਰਤੀਆਂ ਦੀ ਚਿੰਤਾ ਵਧ ਗਈ ਏ ਜੋ ਨਿੱਜੀ ਜਾਂ ਪੇਸ਼ੇਵਰ ਕਾਰਨਾਂ ਕਰਕੇ, ਜਾਂ ਖੇਤਰ ਵਿੱਚ ਵਧ ਰਹੇ ਤਣਾਅ ਕਾਰਨ ਭਾਰਤ ਵਾਪਸ ਆਉਣਾ ਚਾਹੁੰਦੇ ਹਨ।

--------------------------------------------------

ਪੰਜਾਬ ਭਰ ਵਿਚ ਬੇਮੌਸਮੀ ਬਾਰਿਸ਼ ਕਾਰਨ ਕਣਕ ਤੇ ਮੱਕੀ ਸਮੇਤ ਹੋਰਨਾਂ ਖੜੀਆਂ ਫ਼ਸਲਾਂ ਨੂੰ ਕਾਫੀ ਨੁਕਸਾਨ ਪਹੁੰਚਿਆ ਏ, ਜਿਸ ਕਾਰਨ ਕਿਸਾਨਾਂ ਵਿੱਚ ਚਿੰਤਾ ਵੱਧ ਗਈ ਏ। ਭਾਰਤੀ ਜਨਤਾ ਪਾਰਟੀ ਦੇ ਆਗੂ ਮਨਪ੍ਰੀਤ ਸਿੰਘ ਬਾਦਲ ਨੇ ਬਾਰਿਸ਼ ਅਤੇ ਗੜੇਮਾਰੀ ਨਾਲ ਮੁਕਤਸਰ ਦੇ

ਕਈ ਇਲਾਕਿਆਂ ਅਤੇ ਹੋਰਨਾਂ ਥਾਵਾਂ 'ਚ ਨੁਕਸਾਨੀ ਗਈਆਂ ਫ਼ਸਲਾਂ ਵਾਲੇ ਇਲਾਕਿਆਂ ਦਾ ਦੌਰਾ ਕੀਤਾ ਅਤੇ ਕਿਸਾਨਾਂ ਨਾਲ ਦੁੱਖ ਸਾਂਝਾ ਕੀਤਾ। ਉਨ੍ਹਾਂ ਜਿਥੇ ਪੰਜਾਬ ਸਰਕਾਰ ਤੋਂ ਬਣਦਾ ਮੁਆਵਜ਼ਾ ਤੁਰੰਤ ਦੇਣ ਦੀ ਮੰਗ ਕੀਤੀ ਓਥੇ ਹੀ ਫਸਲੀ ਕਰਜ਼ੇ ਨੂੰ ਵੀ 6 ਮਹੀਨੇ ਅਗੇ ਵਧਾਉਣ ਦੀ ਗੱਲ ਕਹੀ। ਮੁਕਤਸਰ ਤੋਂ ਸਾਡੇ ਪੱਤਰਕਾਰ ਜਸਵਿੰਦਰ ਬਿੱਟਾ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਕਿਹਾ :-

BYTE:RNU060426

ਉਨ੍ਹਾਂ ਕਿਹਾ ਕਿ ਕੇਂਦਰੀ ਖੇਤੀ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਵੱਲੋਂ ਪ੍ਰਭਾਵਿਤ ਕਿਸਾਨਾਂ ਨੂੰ ਰਾਹਤ ਦੇਣ ਦੇ ਫੈਸਲੇ ਦਾ ਉਹ ਸਵਾਗਤ ਕਰਦੇ ਨੇ। ਮਨਪ੍ਰੀਤ ਸਿੰਘ ਬਾਦਲ ਨੇ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਦਿੱਤੇ ਗਏ ਸੂਬਾ ਆਫ਼ਤ ਰਾਹਤ ਫੰਡ ਦੀ ਯੋਗ ਵਰਤੋ ਲਈ ਤੁਰੰਤ ਹੁਕਮ ਜਾਰੀ ਕੀਤੇ ਜਾਣ ਤਾਂ ਜੋ ਪ੍ਰਭਾਵਿਤ ਕਿਸਾਨਾਂ ਨੂੰ ਰਾਹਤ ਮਿਲ ਸਕੇ। ਮਜੀਠਾ ਹਲਕੇ ਵਿੱਚ ਵੀ ਕਈ ਥਾਵਾਂ 'ਤੇ ਸਬਜ਼ੀਆਂ ਦੀ ਫ਼ਸਲ ਨੁਕਸਾਨੀ ਗਈ ਏ। ਓਧਰ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਚੰਡੀਗੜ੍ਹ ਵਿੱਚ ਇਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਦਸਿਆ ਕਿ ਨੁਕਸਾਨੀ ਗਈ ਫਸਲਾਂ ਦੀ ਗਿਰਦੋਰੀ ਦੇ ਨਿਰਦੇਸ਼ ਦੇ ਦਿੱਤੇ ਗਏ ਨੇ | BYTE:RNU060426

ਇਸ ਦੌਰਾਨ ਮੌਸਮ ਵਿਭਾਗ ਨੇ ਅੱਜ ਵੀ ਕਈ ਥਾਵਾਂ 'ਤੇ ਮੀਂਹ ਪੈਣ ਦੀ ਚੇਤਾਵਨੀ ਜਾਰੀ ਕੀਤੀ ਹੋਈ ਏ। 7 ਅਤੇ 8 ਅਪ੍ਰੈਲ ਨੂੰ ਪੰਜਾਬ ਭਰ ਵਿੱਚ ਕਈ ਥਾਵਾਂ ਤੇ ਦਰਮਿਆਨੀ ਤੋਂ ਭਾਰੀ ਮੀਂਹ ਦਾ ਓਰੰਜ ਅਲਰਟ ਵੀ ਜਾਰੀ ਕੀਤਾ ਏ। ਪਰੰਤੂ ਉਸ ਤੋਂ ਬਾਅਦ ਕਿਸਾਨਾਂ ਲਈ ਖੁਸ਼ਖ਼ਬਰੀ ਵੀ ਏ ਕਿ ਮੀਂਹ ਦੀ ਕੋਈ ਪੇਸ਼ੀਨਗੋਈ ਨਹੀਂ ਕੀਤੀ ਗਈ ਏ | ਚੰਡੀਗੜ੍ਹ ਸਥਿਤ ਮੌਸਮ ਵਿਭਾਗ ਦੇ ਡਾਇਰੈਕਟਰ ਸੁਰੇਂਦਰ ਪਾਲ ਨੇ ਦਸਿਆ-BYTE:RNU060426

-----------------------------------------------------------

ਪੰਜਾਬ ਸਰਕਾਰ ਵੱਲੋਂ ਚਾਰ ਜ਼ਿਲਿਆਂ ਦੇ ਡਿਪਟੀ ਕਮਿਸ਼ਨਰਾਂ ਸਮੇਤ 13 IAS ਅਧਿਕਾਰੀਆਂ ਦੇ ਤਬਾਦਲੇ ਕਰ ਦਿੱਤੇ ਗਏ ਨੇ। ਇਸ ਵਿੱਚ 1994 ਬੈਂਚ ਦੇ IAS ਅਧਿਕਾਰੀ ਵਿਕਾਸ ਪ੍ਰਤਾਪ ਨੂੰ ਤਕਨੀਕੀ ਸਿੱਖਿਆ ਤੇ ਉਦਯੋਗਿਕ ਸਿਖਲਾਈ ਵਿਭਾਗ 'ਚ ਵਧੀਕ ਮੁੱਖ ਸਕੱਤਰ ਲਗਾਇਆ ਗਿਆ ਏ ਜਦਕਿ 1998 ਬੈਚ ਦੇ ਸੁਮੇਰ ਸਿੰਘ ਗੁੱਜਰ ਨੂੰ ਰੱਖਿਆ ਸੇਵਾਵਾਂ ਭਲਾਈ ਵਿਭਾਗ ਦਾ ਪ੍ਰਮੁੱਖ ਸਕੱਤਰ ਤੈਨਾਤ ਕੀਤਾ ਗਿਆ ਏ। ਇਹ ਦੋਵੇਂ ਅਧਿਕਾਰੀ ਤੈਨਾਤੀ ਲਈ ਉਪਲਬਧ ਸਨ। ਜਿਹੜੇ ਚਾਰ ਜ਼ਿਲਿਆਂ ਦੇ ਡਿਪਟੀ ਕਮਿਸ਼ਨਰਾਂ ਦੇ ਤਬਾਦਲੇ ਕੀਤੇ ਗਏ ਨੇ, ਉਹਨਾਂ ਵਿੱਚ ਜਲੰਧਰ ਦੇ ਡਿਪਟੀ ਕਮਿਸ਼ਨਰ ਡਾਕਟਰ ਹਿਮਾਂਸ਼ੂ

ਅਗਰਵਾਲ ਨੂੰ ਪਟਿਆਲਾ ਦੇ ਡੀਸੀ ਵਰਜੀਤ ਵਾਲੀਆ ਦੀ ਥਾਂ ਤੇ ਅਤੇ ਸ਼੍ਰੀ ਵਾਲੀਆ ਨੂੰ ਜਲੰਧਰ ਤਬਦੀਲ ਕਰ ਦਿੱਤਾ ਗਿਆ ਏ। ਇਸੇ ਤਰ੍ਹਾਂ ਕਪੂਰਥਲਾ ਦੇ ਡਿਪਟੀ ਕਮਿਸ਼ਨਰ ਅਮਿਤ ਕੁਮਾਰ ਪੰਚਾਲ ਨੂੰ ਸ਼੍ਰੀ ਮੁਕਤਸਰ ਸਾਹਿਬ ਅਤੇ ਮਾਨਸਾ ਦੇ ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਆਕਾਸ਼ ਬੰਸਲ ਨੂੰ ਕਪੂਰਥਲਾ ਦੇ DC ਦਾ ਕਾਰਜਭਾਰ ਸੌਂਪ ਦਿੱਤਾ ਗਿਆ ਏ। ਜਲੰਧਰ ਦੇ ਵਧੀਕ ਡਿਪਟੀ ਕਮਿਸ਼ਨਰ ਸ਼ਹਿਰੀ ਵਿਕਾਸ ਜਸਵੀਰ ਸਿੰਘ ਨੂੰ ਆਮ ਰਾਜ ਪ੍ਰਬੰਧ ਅਤੇ ਤਾਲਮੇਲ ਵਿਭਾਗ ਦੇ ਵਧੀਕ ਸਕੱਤਰ ਅਤੇ ਪ੍ਰਾਣਚਾਰੀ ਵਿਭਾਗ ਦੇ ਨਿਰਦੇਸ਼ਕ ਦਾ ਵਾਧੂ ਚਾਰਜ ਸੌਂਪਿਆ ਗਿਆ ਏ। ਖੇਤੀਬਾੜੀ ਵਿਭਾਗ ਦੇ ਕਮਿਸ਼ਨਰ ਸ੍ਰੀਮਤੀ ਬਬੀਤਾ ਨੂੰ ਆਪਣੇ ਇਸ ਕਾਰਜਪਾਲ ਸਮੇਤ ਫਿਰੋਜ਼ਪੁਰ ਮੰਡਲ ਦਾ ਵੀ ਵਾਧੂ ਚਾਰਜ ਸੌਂਪ ਦਿੱਤਾ ਗਿਆ ਏ।

---

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਪਟਿਆਲਾ ਵਿਖੇ 250 ਨਵੀਆਂ ਬੱਸਾਂ ਨੂੰ ਝੰਡੀ ਦਿਖਾ ਕੇ PRTC ਦੇ ਬੇੜੇ 'ਚ ਸ਼ਾਮਿਲ ਕੀਤਾ। ਇਸ ਮੌਕੇ ਓਨਾ ਕਿਹਾ ਕਿ ਇਹ ਸਿਰਫ਼ ਆਵਾਜਾਈ ਸੁਵਿਧਾਵਾਂ ਵਿੱਚ ਸੁਧਾਰ ਨਹੀਂ, ਸਗੋਂ ਲੋਕਾਂ ਨੂੰ ਬਿਹਤਰ, ਸੁਰੱਖਿਅਤ ਅਤੇ ਰਾਹਤ ਭਰਪੂਰ ਯਾਤਰਾ ਦੇਣ ਵੱਲ ਇੱਕ ਵੱਡਾ ਕਦਮ ਏ। ਸ਼੍ਰੀ ਮਾਨ ਨੇ ਕਿਹਾ

ਕਿ  ਇਸ ਨਾਲ ਪਬਲਿਕ ਟਰਾਂਸਪੋਰਟ ਮਜ਼ਬੂਤ ਹੋਵੇਗੀ ਤੇ ਨਾਲ ਹੀ ਨੌਜਵਾਨਾਂ ਲਈ ਰੁਜ਼ਗਾਰ ਦੇ ਨਵੇਂ ਮੌਕੇ ਵੀ ਪੈਦਾ ਹੋਣਗੇ। ਆਉਣ ਵਾਲੇ ਦਿਨਾਂ 'ਚ 300 ਤੋਂ ਵੱਧ ਹੋਰ ਬੱਸਾਂ PRTC ਦੇ ਬੇੜੇ 'ਚ ਸ਼ਾਮਲ ਕੀਤੀਆਂ ਜਾਣਗੀਆਂ।

---------------------------------------------------------------

ਸਰਕਾਰ ਨੇ ਫੈਸਲਾ ਕੀਤਾ ਏ ਕਿ ਪੱਛਮੀ ਏਸ਼ੀਆ ਵਿੱਚ ਚੱਲ ਰਹੇ ਸੰਕਟ ਦਰਮਿਆਨ  ਇਸ ਸਾਲ 30 ਜੂਨ ਤੱਕ ਮਹੱਤਵਪੂਰਨ ਪੈਟਰੋ ਕੈਮੀਕਲ ਉਤਪਾਦਾਂ 'ਤੇ ਪੂਰੀ ਕਸਟਮ ਡਿਊਟੀ 'ਚ ਛੋਟ ਪ੍ਰਦਾਨ ਕੀਤੀ ਜਾਵੇਗੀ। ਇਹ ਉਪਾਅ ਘਰੇਲੂ ਉਦਯੋਗ ਲਈ ਮਹੱਤਵਪੂਰਨ ਪੈਟਰੋ ਕੈਮੀਕਲ ਦੀ ਨਿਰੰਤਰ ਉਪਲਬਧਤਾ ਨੂੰ ਯਕੀਨੀ ਬਣਾਉਣ ਅਤੇ ਦੇਸ਼ ਵਿੱਚ ਸਪਲਾਈ ਸਥਿਰਤਾ ਨੂੰ ਸੁਰੱਖਿਅਤ ਰੱਖਣ ਲਈ ਇੱਕ ਅਸਥਾਈ ਰਾਹਤ ਵਜੋਂ ਲਿਆ ਗਿਆ ਏ । ਇਸ ਛੋਟ ਨਾਲ ਵੱਡੀ ਗਿਣਤੀ ਵਿੱਚ ਸੈਕਟਰਾਂ ਨੂੰ ਲਾਭ ਹੋਣ ਦੀ ਉਮੀਦ ਏ ਜੋ ਪੈਟਰੋ ਕੈਮੀਕਲ ਅਤੇ ਪਲਾਸਟਿਕ, ਕਪੜਾ ਉਦਯੋਗ ਅਤੇ ਫਾਰਮਾਸਿਊਟੀਕਲ ਵਰਗੇ ਵਿਚਕਾਰਲੇ ਉਤਪਾਦਾਂ 'ਤੇ ਨਿਰਭਰ ਨੇ । ਇਸ ਨਾਲ ਉਨ੍ਹਾਂ ਦੇ ਅੰਤਿਮ ਉਤਪਾਦਾਂ ਦੇ ਖਪਤਕਾਰਾਂ ਨੂੰ ਵੀ ਰਾਹਤ ਮਿਲੇਗੀ। ਸਾਰੀਆਂ 46 ਖੇਤਰੀ ਸਮਾਚਾਰ ਇਕਾਈਆਂ ਨੂੰ ਆਪਣੀਆਂ ਖ਼ਬਰਾਂ,

ਖ਼ਬਰਾਂ-ਅਧਾਰਤ ਪ੍ਰੋਗਰਾਮਾਂ ਅਤੇ ਸੋਸ਼ਲ ਮੀਡੀਆ ਪਲੇਟਫਾਰਮਾਂ ਰਾਹੀਂ ਇਸ ਜਾਣਕਾਰੀ ਨੂੰ ਅੱਗੇ ਵਧਾਉਣ ਦੀ ਬੇਨਤੀ ਕੀਤੀ ਜਾਂਦੀ ਏ । ਨਾਲ ਹੀ ਕੀਤੀ ਗਈ ਕਾਰਵਾਈ ਨੂੰ ਪੋਰਟਲ 'ਤੇ "ਪੱਛਮੀ ਏਸ਼ੀਆ ਊਰਜਾ ਸਥਿਤੀ" ਸਿਰਲੇਖ ਨਾਲ ਅਪਡੇਟ ਕੀਤਾ ਜਾ ਸਕਦਾ ਏ ।

---------------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅੱਜ ਪਟਿਆਲਾ ਤੋਂ ਪੈਪਸੂ ਰੋਡ ਟਰਾਂਸਪੋਰਟ ਕਾਰਪੋਰੇਸ਼ਨ PRTC ਦੀਆਂ 100 ਨਵੀਆਂ ਬੱਸਾਂ ਨੂੰ ਰਵਾਨਾ ਕੀਤਾ ।ਪੰਜਾਬ ਦੇ ਟਰਾਂਸਪੋਰਟ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਪੰਜਾਬ ਸਰਕਾਰ ਕੁੱਲ 100 ਮਿਡੀ ਅਤੇ 309 ਸਾਧਾਰਨ ਬੱਸਾਂ ਦੀ ਖਰੀਦ ਲਈ ਲਗਭਗ 125 ਕਰੋੜ ਰੁਪਏ ਦਾ ਪੂੰਜੀਗਤ ਨਿਵੇਸ਼ ਕਰ ਰਹੀ ਏ , ਜਿਨ੍ਹਾਂ ਨੂੰ ਪੜਾਅਵਾਰ ਢੰਗ ਨਾਲ ਬੇੜੇ ਵਿੱਚ ਸ਼ਾਮਲ ਕੀਤਾ ਜਾਵੇਗਾ। ਜਨਤਕ ਟਰਾਂਸਪੋਰਟ ਦੀ ਵੱਧ ਰਹੀ ਮੰਗ ਨੂੰ ਤੇਜ਼ੀ ਨਾਲ ਪੂਰਾ ਕਰਨ ਅਤੇ ਕਾਰਪੋਰੇਸ਼ਨ ਦੀ ਸੰਚਾਲਨ ਸਮਰੱਥਾ ਨੂੰ ਹੋਰ ਵਧਾਉਣ ਲਈ, ਪੀ.ਆਰ.ਟੀ.ਸੀ. ਕਿਲੋਮੀਟਰ ਸਕੀਮ ਤਹਿਤ 254 ਵਾਧੂ ਸਾਧਾਰਨ ਬੱਸਾਂ ਵੀ ਪਾਈਆਂ ਜਾਣਗੀਆਂ। ਉਨ੍ਹਾਂ ਕਿਹਾ ਕਿ ਇਹ ਰਣਨੀਤਕ ਕਦਮ ਮੁੱਖ ਰੂਟਾਂ 'ਤੇ ਕੁਸ਼ਲ ਸੇਵਾ ਪ੍ਰਦਾਨ ਕਰਨ ਨੂੰ ਯਕੀਨੀ ਬਣਾਉਣ ਲਈ ਤਿਆਰ ਕੀਤਾ ਗਿਆ ਏ ।

---------------------------------------------------------------

ਪੰਜਾਬ ਪੁਲਿਸ ਦੇ ਕਾਊਂਟਰ ਇੰਟੈਲੀਜੈਂਸ ਵਿੰਗ ਨੇ ਤਿੰਨ ਮੁਲਜ਼ਮਾਂ ਨੂੰ ਦੋ ਹੱਥਗੋਲਿਆਂ ਅਤੇ ਪਿਸਤੌਲ ਸਮੇਤ ਗ੍ਰਿਫ਼ਤਾਰ ਕਰਕੇ ਪਾਕਿਸਤਾਨ ਇੰਟੈਲੀਜੈਂਸ ਆਪਰੇਟਿਵਜ਼ ਵਲੋਂ ਚਲਾਏ ਜਾ ਰਹੇ ISI ਦੀ ਹਮਾਇਤ ਵਾਲੇ ਦਹਿਸ਼ਤਗਰਦੀ ਮਾਡਿਊਲ ਦਾ ਪਰਦਾਫਾਸ਼ ਕੀਤਾ ਏ । ਪੰਜਾਬ ਪੁਲਿਸ ਮੁਖੀ  ਗੌਰਵ ਯਾਦਵ ਨੇ ਦਸਿਆ ਕਿ ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਤਰਨ ਤਾਰਨ ਦੇ ਪਿੰਡ ਅੰਮੀਸ਼ਾਹ ਵਾਸੀ ਸਰਬਜੀਤ ਸਿੰਘ, ਅੰਮ੍ਰਿਤਸਰ ਦੇ ਪਿੰਡ ਨੰਗਲ ਪੰਨੂਆਂ ਦੇ ਵਸਨੀਕ ਬਿਕਰਮਜੀਤ ਸਿੰਘ ਅਤੇ ਇੰਦਰਾ ਕਲੋਨੀ ਦੇ ਅਮਨਦੀਪ ਸਿੰਘ ਵਜੋਂ ਹੋਈ ਏ । ਡੀਜੀਪੀ  ਨੇ ਦੱਸਿਆ ਕਿ ਬਰਾਮਦ ਕੀਤੇ ਗਏ ਗ੍ਰਨੇਡਾਂ 'ਤੇ ਪਾਕਿਸਤਾਨ ਔਰਡਨੈਂਸ ਫੈਕਟਰੀ   ਦੀ ਮਾਰਕਿੰਗ ਏ , ਜੋ ਸਰਹੱਦ ਪਾਰ ਦੇ ਸਬੰਧਾਂ ਨੂੰ ਦਰਸਾਉਂਦਾ ਏ ।  ਮੁੱਢਲੀ ਜਾਂਚ ਤੋਂ ਪਤਾ ਲੱਗਾ ਏ  ਕਿ ਇਹ ਮਾਡਿਊਲ ਕਈ ਰਾਜਾਂ ਵਿੱਚ ਯੋਜਨਾਬੱਧ ਢੰਗ ਨਾਲ ਪੁਲਿਸ ਅਦਾਰਿਆਂ ਨੂੰ ਨਿਸ਼ਾਨਾ ਬਣਾਉਣ ਦੀ ਕਾਰਵਾਈ ਵਿੱਚ ਸ਼ਾਮਲ ਰਿਹਾ ਏ । ਉਨ੍ਹਾਂ ਕਿਹਾ ਕਿ ਇਸ ਮਾਡਿਊਲ ਦੇ ਹੋਰ ਮੈਂਬਰਾਂ ਦੀ ਪਛਾਣ ਅਤੇ ਉਨ੍ਹਾਂ ਨੂੰ ਫੜਨ ਲਈ ਅਗਲੇਰੀ ਜਾਂਚ ਜਾਰੀ ਏ ।

-------------------------------------------------------

ਪੰਜਾਬ ਸਰਕਾਰ ਨੇ ਵਿੱਤੀ ਸਾਲ 2026-27 ਲਈ ਖੇਤੀਬਾੜੀ ਵਿਭਾਗ

ਦੇ ਵੱਖ-ਵੱਖ ਪ੍ਰੋਜੈਕਟਾਂ ਨੂੰ ਲਾਗੂ ਕਰਨ ਲਈ 1 ਹਜ਼ਾਰ 388 ਕਰੋੜ ਰੁਪਏ ਦੀ ਸਾਲਾਨਾ ਕਾਰਜ ਯੋਜਨਾ ਨੂੰ ਅੰਤਿਮ ਰੂਪ ਦੇ ਦਿੱਤਾ ਏ ।
ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ. ਗੁਰਮੀਤ ਸਿੰਘ ਖੁੱਡੀਆਂ ਨੇ ਅੱਜ ਚੰਡੀਗੜ੍ਹ ਚ ਪ੍ਰੋਜੈਕਟਾਂ ਦੀ ਸਮੀਖਿਆ ਲਈ ਇੱਕ ਉੱਚ ਪੱਧਰੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਕਿਹਾ ਕਿ ਇਹ ਕਾਰਜ ਯੋਜਨਾ, ਜੋ ਪਹਿਲਾਂ ਹੀ ਪ੍ਰਵਾਨਗੀ ਲਈ ਕੇਂਦਰੀ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰਾਲੇ ਨੂੰ ਭੇਜੀ ਜਾ ਚੁੱਕੀ ਏ , ਵਿੱਚ ਫ਼ਸਲਾਂ ਦੀ ਰਹਿੰਦ-ਖੂੰਹਦ ਦੇ ਸੁਚੱਜੇ ਨਿਬੇੜੇ, ਜਲ ਸੰਭਾਲ, ਫ਼ਸਲੀ ਵਿਭਿੰਨਤਾ ਅਤੇ ਕੁਦਰਤੀ ਖੇਤੀ 'ਤੇ ਵਿਸ਼ੇਸ਼ ਜ਼ੋਰ ਦਿੱਤਾ ਗਿਆ ਏ ।

---

ਭਾਰਤੀ ਜਨਤਾ ਪਾਰਟੀ ਅੱਜ ਆਪਣਾ 47ਵਾਂ ਸਥਾਪਨਾ ਦਿਵਸ ਮਨ ਰਹੀ ਏ । ਪ੍ਰਧਾਨ ਮੰਤਰੀ ਨਰੇਂਦਰ ਮੋਦੀ, ਕੇਂਦਰੀ ਮੰਤਰੀ ਅਮਿਤ ਸ਼ਾਹ, BJP ਦੇ ਰਾਸ਼ਟਰੀ ਪ੍ਰਧਾਨ ਨਿਤਿਨ ਨਬੀਨ ਤੇ ਹੋਰਨਾਂ ਨੇਤਾਵਾਂ ਨੇ ਭਾਰਤੀ ਜਨਤਾ ਪਾਰਟੀ ਦੇ 47ਵੇਂ ਸਥਾਪਨਾ ਦਿਵਸ ਮੌਕੇ ਸ਼ੁਭਕਾਮਨਾਵਾਂ ਦਿੱਤੀਆਂ ਨੇ। ਇਸੇ ਦੌਰਾਨ ਅੱਜ ਪਠਾਨਕੋਟ ਉੱਤਰੀ ਮੰਡਲ ਵਿੱਚ ਇੱਕ ਸਮਾਰੋਹ ਕਰਵਾਇਆ ਗਿਆ, ਜਿਸ ਵਿੱਚ ਸੀਨੀਅਰ ਪਾਰਟੀ ਨੇਤਾ ਸ਼ਵੇਤ ਮਲਿਕ ਅਤੇ ਜ਼ਿਲ੍ਹਾ ਪ੍ਰਧਾਨ ਸੁਰੇਸ਼ ਸ਼ਰਮਾ ਵਿਸ਼ੇਸ਼ ਸ਼ਾਮਿਲ ਹੋਏ

।

---------------------------------------------------------

IPL ਕ੍ਰਿਕਟ ਵਿੱਚ ਕੋਲਕਾਤਾ ਨਾਈਟ ਰਾਈਡਰਜ਼ ਦਾ ਸਾਹਮਣਾ ਪੰਜਾਬ ਕਿੰਗਜ਼ ਨਾਲ ਹੋਵੇਗਾ। ਇਹ ਮੈਚ ਕੋਲਕਾਤਾ ਦੇ ਈਡਨ ਗਾਰਡਨ ਵਿਖੇ ਸ਼ਾਮ ਸਾਢੇ 7 ਵਜੇ ਸ਼ੁਰੂ ਹੋਵੇਗਾ ।

----------------------------------------------------

- ਸਰਕਾਰ ਨੇ ਭਰੋਸਾ ਦਵਾਇਆ -ਪੱਛਮੀ ਏਸ਼ੀਆ ਵਿੱਚ ਚੱਲ ਰਹੇ ਟਕਰਾਅ ਦੇ ਵਿਚਕਾਰ, ਦੇਸ਼ ਕੋਲ ਅਨਾਜ ਦੇ ਢੁਕਵੇਂ ਭੰਡਾਰ ਨੇ ।
- -ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵਲੋਂ ਮੀਂਹ ਕਾਰਨ ਨੁਕਸਾਨੀ ਗਈ ਫਸਲਾਂ ਦੀ ਗਿਰਦਾਵਰੀ ਦੇ ਨਿਰਦੇਸ਼-ਮੌਸਮ ਵਿਭਾਗ ਨੇ ਪੰਜਾਬ ਭਰ ਵਿੱਚ ਕਈ ਥਾਵਾਂ 'ਤੇ ਕੱਲ 7 ਅਤੇ 8 ਅਪ੍ਰੈਲ ਨੂੰ ਦਰਮਿਆਨੀ ਤੋਂ ਭਾਰੀ ਮੀਂਹ ਪੈਣ ਬਾਰੇ ਓਰੰਜ ਅਲਰਟ ਜਾਰੀ ਕੀਤਾ।
- -ਪੰਜਾਬ ਸਰਕਾਰ ਵਾਲੋਂ 4 ਡਿਪਟੀ ਕਮਿਸ਼ਨਰਾਂ ਸਮੇਤ 13 IAS ਅਧਿਕਾਰੀਆਂ ਦੇ ਤਬਾਦਲੇ ।

- ਪੰਜਾਬ ਪੁਲਿਸ ਵਲੋਂ ਆਈ.ਐਸ.ਆਈ-ਦੀ ਹਮਾਇਤ ਵਾਲੇ ਦਹਿਸ਼ਤਗਰਦੀ ਮਾਡਿਊਲ ਦਾ ਪਰਦਾਫਾਸ਼-ਦੋ ਹੱਥਗੋਲੇ, ਇੱਕ ਪਿਸਤੌਲ ਸਮੇਤ ਤਿੰਨ ਮੁਲਜ਼ਮ ਗ੍ਰਿਫ਼ਤਾਰ।
- IPL ਕ੍ਰਿਕਟ ਵਿੱਚ ਕੋਲਕਾਤਾ ਨਾਈਟ ਰਾਈਡਰਜ਼ ਦਾ ਸਾਹਮਣਾ ਸ਼ਾਮ ਸਾਢੇ 7 ਵਜੇ ਪੰਜਾਬ ਕਿੰਗਜ਼ ਨਾਲ ਹੋਵੇਗਾ।

----------------------------------------------------------------

**ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ**

**ਨਮਸਕਾਰ !**